Tape/CD: 1317

## ਪੰਨਾ ੪੨੧-੪੨੨

ਆਸਾ ਮਹਲਾ ੧ ॥ ਆਵਣ ਜਾਣਾ ਕਿਉ ਰਹੈ ਕਿਉ ਮੇਲਾ ਹੋਈ ॥ ਜਨਮ ਮਰਣ ਕਾ ਦੁਖੁ ਘਣੋ ਨਿਤ ਸਹਸਾ ਦੋਈ ॥੧॥ ਬਿਨੁ ਨਾਵੈ ਕਿਆ ਜੀਵਨਾ ਫਿਟੁ ਧ੍ਰਿਗੁ ਚਤੁਰਾਈ ॥ ਸਤਿਗੁਰ ਸਾਧੁ ਨ ਸੇਵਿਆ ਹਰਿ ਭਗਤਿ ਨ ਭਾਈ ॥੧॥ ਰਹਾਉ ॥ ਆਵਣੁ ਜਾਵਣੁ ਤਉ ਰਹੈ ਪਾਈਐ ਗੁਰੁ ਪੂਰਾ ॥ ਰਾਮ ਨਾਮੁ ਧਨੁ ਰਾਸਿ ਦੇਇ ਬਿਨਸੈ ਭ੍ਰਮੁ ਕੂਰਾ ॥੨॥ ਸੰਤ ਜਨਾ ਕਉ ਮਿਲਿ ਰਹੈ ਧਨੁ ਧਨੁ ਜਸੁ ਗਾਏ ॥ ਆਦਿ ਪੁਰਖੁ ਅਪਰੰਪਰਾ ਗੁਰਮੁਖਿ ਹਰਿ ਪਾਏ ॥੩॥ ਨਟੂਐ ਸਾਂਗੁ ਬਣਾਇਆ ਬਾਜੀ ਸੰਸਾਰਾ ॥ ਖਿਨੁ ਪਲੁ ਬਾਜੀ ਦੇਖੀਐ ਉਝਰਤ ਨਹੀ ਬਾਰਾ ॥੪॥ ਹਉਮੈ ਚਉਪੜਿ ਖੇਲਣਾ ਝੂਠੇ ਅਹੰਕਾਰਾ ॥ ਸਭੁ ਜਗੁ ਹਾਰੈ ਸੋ ਜਿਣੈ ਗੁਰ ਸਬਦੁ ਵੀਚਾਰਾ ॥੫॥ ਜਿਉ ਅੰਧੁਲੈ ਹਥਿ ਟੋਹਣੀ ਹਰਿ ਨਾਮੁ ਹਮਾਰੈ ॥ ਰਾਮ ਨਾਮੁ ਹਰਿ ਟੇਕ ਹੈ ਨਿਸਿ ਦਉਤ ਸਵਾਰੈ ॥੬॥ ਜਿਉ ਤੂੰ ਰਾਖਹਿ ਤਿਉ ਰਹਾ ਹਰਿ ਨਾਮ ਅਧਾਰਾ ॥ ਅੰਤਿ ਸਖਾਈ ਪਾਇਆ ਜਨ ਮੁਕਤਿ ਦੁਆਰਾ ॥੭॥ ਜਨਮ ਮਰਣ ਦੁਖ ਮੇਟਿਆ ਜਪਿ ਨਾਮੁ ਮੁਰਾਰੇ ॥ ਨਾਨਕ ਨਾਮੁ ਨ ਵੀਸਰੈ ਪੂਰਾ ਗੁਰੁ ਤਾਰੇ ॥੮॥੨੨॥

Tape/CD: 1317

# ਪੰਨਾ ੬੩੨-੬੩੩

ਸੋਰਠਿ ਮਹਲਾ ੯ ॥ ਮਾਈ ਮਨੁ ਮੇਰੋ ਬਸਿ ਨਾਹਿ ॥ ਨਿਸ ਬਾਸੁਰ
ਬਿਖਿਅਨ ਕਉ ਧਾਵਤ ਕਿਹਿ ਬਿਧਿ ਰੋਕਉ ਤਾਹਿ ॥ ੧ ॥ ਰਹਾਉ ॥
ਬੇਦ ਪੁਰਾਨ ਸਿਮ੍ਰਿਤਿ ਕੇ ਮਤ ਸੁਨਿ ਨਿਮਖ ਨ ਹੀਏ ਬਸਾਵੈ ॥ ਪਰ
ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ ॥ ੧ ॥ ਮਦਿ
ਮਾਇਆ ਕੈ ਭਇਓ ਬਾਵਰੋ ਸੂਝਤ ਨਹ ਕਛੁ ਗਿਆਨਾ ॥ ਘਟ ਹੀ
ਭੀਤਰਿ ਬਸਤ ਨਿਰੰਜਨੁ ਤਾ ਕੋ ਮਰਮੁ ਨ ਜਾਨਾ ॥ ੨ ॥ ਜਬ ਹੀ
ਸਰਨਿ ਸਾਧ ਕੀ ਆਇਓ ਦੁਰਮਤਿ ਸਗਲ ਬਿਨਾਸੀ ॥ ਤਬ ਨਾਨਕ
ਚੇਤਿਓ ਚਿੰਤਾਮਨਿ ਕਾਟੀ ਜਮ ਕੀ ਫਾਸੀ ॥ ੩ ॥ ੭ ॥

Tape/CD: 1317

ਪੰਨਾ ੧੧੩੫

ਭੈਰਉ ਮਹਲਾ ੪ ॥ ਤੇ ਸਾਧੂ ਹਰਿ ਮੇਲਹੁ ਸੁਆਮੀ ਜਿਨ ਜਪਿਆ ਗਤਿ ਹੋਇ ਹਮਾਰੀ ॥ ਤਿਨ ਕਾ ਦਰਸੁ ਦੇਖਿ ਮਨੁ ਬਿਗਸੈ ਖਿਨੁ ਖਿਨੁ ਤਿਨ ਕਉ ਹਉ ਬਲਿਹਾਰੀ ॥੧॥ ਹਰਿ ਹਿਰਦੈ ਜਪਿ ਨਾਮੁ ਮੁਰਾਰੀ ॥ ਕ੍ਰਿਪਾ ਕ੍ਰਿਪਾ ਕਰਿ ਜਗਤ ਪਿਤ ਸੁਆਮੀ ਹਮ ਦਾਸਨਿ ਦਾਸ ਕੀਜੈ ਪਨਿਹਾਰੀ ॥੧॥ ਰਹਾਉ ॥ ਤਿਨ ਮਤਿ ਊਤਮ ਤਿਨ ਪਤਿ ਊਤਮ ਜਿਨ ਹਿਰਦੈ ਵਸਿਆ ਬਨਵਾਰੀ ॥ ਤਿਨ ਕੀ ਸੇਵਾ ਲਾਇ ਹਰਿ ਸੁਆਮੀ ਤਿਨ ਸਿਮਰਤ ਗਤਿ ਹੋਇ ਹਮਾਰੀ ॥੨॥ ਜਿਨ ਐਸਾ ਸਤਿਗੁਰੁ ਸਾਧੁ ਨ ਪਾਇਆ ਤੇ ਹਰਿ ਦਰਗਹ ਕਾਢੇ ਮਾਰੀ ॥ ਤੇ ਨਰ ਨਿੰਦਕ ਸੋਭ ਨ ਪਾਵਹਿ ਤਿਨ ਨਕ ਕਾਟੇ ਸਿਰਜਨਹਾਰੀ ॥੩॥ ਹਰਿ ਆਪਿ ਬੁਲਾਵੈ ਆਪੇ ਬੋਲੈ ਹਰਿ ਆਪਿ ਨਿਰੰਜਨੁ ਨਿਰੰਕਾਰੁ ਨਿਰਾਹਾਰੀ ॥ ਹਰਿ ਜਿਸੁ ਤੂ ਮੇਲਹਿ ਸੋ ਤੁਧੁ ਮਿਲਸੀ ਜਨ ਨਾਨਕ ਕਿਆ ਏਹਿ ਜੰਤ ਵਿਚਾਰੀ ॥੪॥੨॥੬॥

Tape/CD: 1317 ਪੰਨਾ ੧੧੭੯

ਬਸੰਤੁ ਹਿੰਡੋਲ ਮਹਲਾ ੪ ॥ ਮਨੁ ਖਿਨੁ ਖਿਨੁ ਭਰਮਿ ਭਰਮਿ ਬਹੁ ਧਾਵੈ ਤਿਲੁ ਘਰਿ ਨਹੀ ਵਾਸਾ ਪਾਈਐ ॥ ਗੁਰਿ ਅੰਕਸੁ ਸਬਦੁ ਦਾਰੂ ਸਿਰਿ ਧਾਰਿਓ ਘਰਿ ਮੰਦਰਿ ਆਣਿ ਵਸਾਈਐ ॥੧॥ ਗੋਬਿੰਦ ਜੀਉ ਸਤਸੰਗਤਿ ਮੇਲਿ ਹਰਿ ਧਿਆਈਐ ॥ ਹਉਮੈ ਰੋਗੁ ਗਇਆ ਸੁਖੁ ਪਾਇਆ ਹਰਿ ਸਹਜਿ ਸਮਾਧਿ ਲਗਾਈਐ ॥੧॥ ਰਹਾਉ ॥ ਘਰਿ ਰਤਨ ਲਾਲ ਬਹੁ ਮਾਣਕ ਲਾਦੇ ਮਨੁ ਭ੍ਰਮਿਆ ਲਹਿ ਨ ਸਕਾਈਐ ॥ ਜਿਉ ਓਡਾ ਕੂਪੁ ਗੁਹਜ ਖਿਨ ਕਾਢੈ ਤਿਉ ਸਤਿਗੁਰਿ ਵਸਤੁ ਲਹਾਈਐ ॥੨॥ ਜਿਨ ਐਸਾ ਸਤਿਗੁਰੁ ਸਾਧੁ ਨ ਪਾਇਆ ਤੇ ਧ੍ਰਿਗੁ ਧ੍ਰਿਗੁ ਨਰ ਜੀਵਾਈਐ ॥ ਜਨਮੁ ਪਦਾਰਥੁ ਪੁੰਨਿ ਫਲੁ ਪਾਇਆ ਕਉਡੀ ਬਦਲੈ ਜਾਈਐ ॥੩॥ ਮਧੁਸੂਦਨ ਹਰਿ ਧਾਰਿ ਪ੍ਰਭ ਕਿਰਪਾ ਕਰਿ ਕਿਰਪਾ ਗੁਰੂ ਮਿਲਾਈਐ ॥ ਜਨ ਨਾਨਕ ਨਿਰਬਾਣ ਪਦੁ ਪਾਇਆ ਮਿਲਿ ਸਾਧੂ ਹਰਿ ਗੁਣ ਗਾਈਐ ॥੪॥੪॥੬॥